# ਸੋਮਵਾਰ 8 ਜਨਵਰੀ 2018 ਤੋਂ ਐਤਵਾਰ ਜਨਵਰੀ 2018 ਤੱਕ

- **10.1.18 ਬੁੱਧਵਾਰ: - 4.30 ਵਜ਼ੇ:-** ਸਾਧ ਸੰਗਤ ਵੱਲੋਂ ਸੁਖਮਨੀ ਸਾਹਿਬ ਦੇ ਪਾਠ 4.30 ਵਜ਼ੇ ਹੋਣਗੇ , ਰਹਿਰਾਸ ਦੇ ਪਾਠ ਉਪਰੰਤ ਦੀਵਾਨ ਸੱਜਣਗੇ ਹਜ਼ੂਰੀ ਜਥਾ ਕੀਰਤਨ ਕਰੇਗਾ ਬਾਅਦ ਵਿਚ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ਅਤੇ ਸਾਰੀ ਹੋਵੇਗੀ ਦੇਗਾਂ ਦੀਆਂ ਸੇਵਾਵਾਂ: - ਸ੍ਰ: ਮਨਜੀਤ ਸਿੰਘ ਸੇਖੋਂ, ਸ੍ਰ: ਅਮਰਜੀਤ ਸਿੰਘ , ਸ੍ਰ:ਹਰਜਿੰਦਰ ਸਿੰਘ ਅਤੇ ਬੀਬੀ ਤਰਸੇਮ ਕੌਰ, ਬੀਬੀ ਪਵਨਦੀਪ ਕੌਰ, ਹੀਰਾ ਜਵੈਲਰ, ਨੀਲ ਕਮਲ ਸ ਬਿਕ੍ਰਮਜੀਤ ਸਿੰਘ ਥਾਂਦੀ ਅਤੇ ਬੀਬੀ ਰਣਜੀਤ ਕੌਰ ਅਤੇ ਸ੍ਰ ਸੁਚਾ ਸਿੰਘ ਬੈਂਸ ਪਰਿਵਾਰਾਂ ਵਲੋਂ ਹੋਣਗੀਆਂ।

- **11.1.18 ਵੀਰਵਾਰ:-**
- **6.00 ਵੱਜ਼ੇ:-** ਰਹਿਰਾਸ ਸਾਹਿਬ ਦੇ ਪਾਠ ਹੋਣਗੇ ਉਪਰੰਤ ਹਜ਼ੂਰੀ ਜਥਾ ਸ਼ਬਦ ਕੀਰਤਨ ਕਰੇਗਾ ਅਤੇ ਸਾਰੀ ਸੇਵਾ ਹੋਵੇਗੀ।

**12.1.18 ਸ਼ੁਕਰਵਾਰ:-**

- **10.00 ਵਜ਼ੇ:-** ਸਾਧ ਸੰਗਤ ਵੱਲੋਂ ਅਖੰਡ ਪਾਠ ਸਾਹਿਬ 10.00 ਵਜ਼ੇ ਅਰੰਭ ਹੋਣਗੇ ਸਾਰੀ ਸੇਵਾ ਹੋਵੇਗੀ।
- **ਦੇਗਾਂ ਦੀਆਂ ਸੇਵਾਵਾਂ: -** ਸ੍ਰ ਸੁਰਜੀਤ ਸਿੰਘ ਸੇਖੋਂ, ਸ੍ਰ: ਸੁਰਜੀਤ ਸਿੰਘ ਸ਼ੇਰਗਿੱਲ ਤੇ ਬੀਬੀ ਗੁਰਦੀਪ ਕੌਰ ਸ਼ੇਰਗਿੱਲ, ਸ੍ਰ: ਅਵਤਾਰ ਸਿੰਘ ਤੇ ਬੀਬੀ ਕੁਲਵਿੰਦਰ ਕੌਰ ਪੁਰੇਵਾਲ, ਬੀਬੀ ਸੁਰਿੰਦਰ ਕੌਰ ਪੁਰੇਵਾਲ, ਸ੍ਰ: ਕਸ਼ਮੀਰ ਸਿੰਘ ਤੇ ਬੀਬੀ ਸੁਰਿੰਦਰ ਕੌਰ ਨਾਗਰਾ, ਸ੍ਰ: ਸੇਵਾ ਸਿੰਘ ਅੱਟਾ ਤੇ ਬੀਬੀ ਅਵਤਾਰ ਕੌਰ ਅੱਟਾ, ਬੀਬੀ ਅਮਰਜੀਤ ਕੌਰ ਸੰਧੂ ਤੇ ਸ੍ਰ: ਗੁਰਦੇਵ ਸਿੰਘ ਔਲਖ ਸ੍ਰ: ਰਣਜੀਤ ਸਿੰਘ ਬਾਸੀ, ਸ੍ਰ ਛਿੰਦਾ ਸਿੰਘ ਥਾਂਦੀ ਤੇ ਸਵ: ਨਿਰਮਲ ਸਿੰਘ ਪੁਰੇਵਾਲ ਦੇ ਪ੍ਰੀਵਾਰਾਂ ਵਲੋਂ ਹੋਣਗੀਆਂ।

- **13.1.18 ਸ਼ਨਿਚਰਵਾਰ: -** ਸੰਗ੍ਰਾਂਦ ਮਾਘ ਦੀ, ਲੋਹੜੀ ਦਾ ਦਿਨ ਭੀ ਹੈ।

  1. **10.30 ਵਜੇ:-**ਸ੍ਰ ਰਣਜੀਤ ਸਿੰਘ ਬਾਸੀ ਅਤੇ ਪਰਿਵਾਰ ਵਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।
  2. **2.00 ਵਜੇ:-**ਸ੍ਰ ਸੁਰਜੀਤ ਸਿੰਘ ਹੇਅਰ ਅਤੇ ਪਰਿਵਾਰ ਵਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।

**4.00 ਵਜ਼ੇ:-** ਸ਼ਾਮ ਨੂੰ ਬੀਬੀਆਂ ਸਿਮਰਨ ਕਰਨਗੀਆਂ।

- **14.1.18 ਐਤਵਾਰ:-**

  **08.30 ਵਜ਼ੇ: -** ਸਾਧ ਸੰਗਤ ਵਲੋਂ ਰਖਾਏ ਹੋਏ ਅਖੰਡ ਪਾਠ ਸਾਹਿਬ ਦੇ ਭੋਗ 08.30 ਵਜ਼ੇ ਪੈਣਗੇ ਉਪਰੰਤ ਸ੍ਰ ਪਲਵਿੰਦਰ ਸਿੰਘ ਗਿੱਲ ਅਤੇ ਪਰਿਵਾਰ ਵਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ, ਬਾਅਦ'ਚ ਹਜ਼ੂਰੀ ਜਥਾ ਕੀਰਤਨ ਕਰੇਗਾ, ਸਤਿਕਾਰਯੋਗ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ।

  **13.00 ਵਜੇ:-** ਬੱਚੀ ਅਲਾਨਾ ਕੌਰ ਦੇ ਜਨਮ ਦਿਨ ਤੇ ਪਰਿਵਾਰ ਵਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।

  **Passport Surgery from 11.00 AM-13.00 PM**

## ਜਨਵਰੀ

- 18 ਜਨਵਰੀ ਜਨਮ ਦਿਨ ਭਾਈ ਹਿੰਮਤ ਸਿੰਘ ਜੀ
- 26 ਜਨਵਰੀ ਜਨਮ ਦਿਨ ਬਾਬਾ ਦੀਪ ਸਿੰਘ ਜੀ
- 31 ਜਨਵਰੀ ਪ੍ਰਕਾਸ਼ ਗੁਰੂ ਹਰਿਰਾਇ ਜੀ

**Note: - Day & Time to book wedding in the Gurdwara Sahib: - Wednesday: 11.00 AM –1.00 PM, Saturday: 11.00AM --1.00 PM, Sunday: 1.00PM--2.00PM. Contact S. Sadhu Singh Chhokar (General Secretary) 01274- 727938, Mob: - 07931833376**

## Other activities:-

- **Every Monday, Wednesday & Thursday:** **Ladies keep fit class.**
- **Every Tuesday & Thursday Evening:** **18.30 PM to 2030 PM Karate class.**
- **Wednesday and Friday: -** **sewing machine class from 13.00 PM to 15.00 PM.**
- **Wednesday evening: -** **17.30 PM to 2030 PM Religious Services, Music & Kirtan class.**
- **Wednesday:** **Sikh history classes for 5-8 yrs, 8-12yrs, 12 + Gcse & Saturday, 4.00pm till 5.30pm, 5-8 yrs, 8-12 yrs, 12+Gcse.**
- **Elderly Day Centre: -** **15.00 PM to 16.00 PM Every Monday to Thursday Men keep fit class.**
- **Every Friday** **Akhand Paath Shib start 10.00am.**
- **Sunday** **Crèche, Service, Wednesday & Sunday 6 till 7.30pm.**
- **Passport Surgery 2nd Sunday** **every month from 11.00 AM to 13.00 PM.**
- **Every Sunday youngsters Gurbani class11.15am till 11.45am.**
- **Dr. Vishali Surgery every month on Sunday from 9.30 AM- 12.30 PM**

- ਮਾਘਿ ਮਜਨੁ ਸੰਗਿ ਸਾਧੂਆ ਧੂੜੀ ਕਰਿ ਇਸਨਾਨੁ ॥ ਹਰਿ ਕਾ ਨਾਮੁ ਧਿਆਇ ਸੁਣਿ ਸਭਨਾ ਨੋ ਕਰਿ ਦਾਨੁ ॥ ਜਨਮ ਕਰਮ ਮਲੁ ਉਤਰੈ ਮਨ ਤੇ ਜਾਇ ਗੁਮਾਨੁ ॥ ਕਾਮਿ ਕਰੋਧਿ ਨ ਮੋਹੀਐ ਬਿਨਸੈ ਲੋਭੁ ਸੁਆਨੁ ॥ ਸਚੈ ਮਾਰਗਿ ਚਲਦਿਆ ਉਸਤਤਿ ਕਰੇ ਜਹਾਨੁ ॥ ਅਠਸਠਿ ਤੀਰਥ ਸਗਲ ਪੁੰਨ ਜੀਅ ਦਇਆ ਪਰਵਾਨੁ ॥ ਜਿਸ ਨੋ ਦੇਵੈ ਦਇਆ ਕਰਿ ਸੋਈ ਪੁਰਖੁ ਸੁਜਾਨੁ ॥ ਜਿਨਾ ਮਿਲਿਆ ਪ੍ਰਭੁ ਆਪਣਾ ਨਾਨਕ ਤਿਨ ਕੁਰਬਾਨੁ ॥ ਮਾਘਿ ਸੁਚੇ ਸੇ ਕਾਂਢੀਅਹਿ ਜਿਨ ਪੂਰਾ ਗੁਰੁ ਮਿਹਰਵਾਨੁ ॥੧੨॥ {ਪੰਨਾ 136}
- ਪਦਅਰਥ:- ਮਾਘ—ਮਾਘ ਨਖ੍ਯ੍ਰ ਵਾਲੀ ਪੂਰਨਮਾਸੀ ਦਾ ਮਹੀਨਾ । ਮਾਘਿ—ਮਾਘ ਮਹੀਨੇ ਵਿਚ । {ਨੋਟ:- ਇਸ ਮਹੀਨੇ ਦਾ ਪਹਿਲਾ ਦਿਨ ਹਿੰਦੂ-ਸ਼ਾਸਤ੍ਰਾਂ, ਅਨੁਸਾਰ ਬੜਾ ਪਵਿਤ੍ਰ ਹੈ, ਹਿੰਦੂ ਸੱਜਣ ਮਾਘੀ ਵਾਲੇ ਦਿਨ ਪ੍ਰਯਾਗ ਤੀਰਥ ਤੇ ਇਸ਼ਨਾਨ ਕਰਨਾ ਬਹੁਤ ਪੁੰਨ ਕੰਮ ਸਮਝਦੇ ਹਨ} । ਮਜਨੁ—ਚੁੱਭੀ । ਦਾਨੁ—ਨਾਮੁ ਦਾ ਦਾਨ । ਜਨਮ ਕਰਮ ਮਲੁ—ਕਈ ਜਨਮਾਂ ਦੇ ਕੀਤੇ ਕਰਮਾਂ ਤੋਂ ਪੈਦਾ ਹੋਈ ਵਿਕਾਰਾਂ ਦੀ ਮੈਲ । ਗੁਮਾਨੁ—ਅਹੰਕਾਰ । ਕਾਮਿ—ਕਾਮ ਵਿਚ । ਕਰੋਧਿ—ਕ੍ਰੋਧ ਵਿਚ । ਮੋਹੀਐ—ਠੱਗੇ ਜਾਈਦਾ । ਸੁਆਨੁ—ਕੁੱਤਾ । ਮਾਰਗਿ—ਰਸਤੇ ਉੱਤੇ । ਉਸਤਤਿ—ਸੋਭਾ । ਅਠਸਠਿ—ਅਠਾਹਠ । ਪਰਵਾਨੁ—ਮੰਨਿਆ-ਪ੍ਰਮੰਨਿਆ (ਧਾਰਮਿਕ ਕੰਮ) । ਕਰਿ—ਕਰ ਕੇ । ਸੁਜਾਨੁ—ਸਿਆਣਾ । ਕਾਂਢੀਅਹਿ—ਆਖੇ ਜਾਂਦੇ ਹਨ ।
- ਅਰਥ:- ਮਾਘ ਵਿਚ (ਮਾਘੀ ਵਾਲੇ ਦਿਨ ਲੋਕ ਪ੍ਰਯਾਗ ਆਦਿਕ ਤੀਰਥਾਂ ਤੇ ਇਸ਼ਨਾਨ ਕਰਨਾ ਬੜਾ ਪੁੰਨ ਸਮਝਦੇ ਹਨ, ਪਰ ਤੂੰ ਹੇ ਭਾਈ!) ਗੁਰਮੁਖਾਂ ਦੀ ਸੰਗਤਿ ਵਿਚ (ਬੈਠ, ਇਹੀ ਹੈ ਤੀਰਥਾਂ ਦਾ) ਇਸ਼ਨਾਨ, ਉਹਨਾਂ ਦੀ ਚਰਨ ਧੂੜ ਵਿਚ ਇਸ਼ਨਾਨ ਕਰ (ਨਿਮ੍ਰਤਾ-ਭਾਵ ਨਾਲ ਗੁਰਮੁਖਾਂ ਦੀ ਸੰਗਤਿ ਕਰ, ਉਥੇ) ਪਰਮਾਤਮਾ ਦਾ ਨਾਮ ਜਪ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣ, ਹੋਰ ਸਭਨਾਂ ਨੂੰ ਇਹ ਨਾਮ ਦੀ ਦਾਤਿ ਵੰਡ, (ਇਸ ਤਰ੍ਹਾਂ) ਕਈ ਜਨਮਾਂ ਦੇ ਕੀਤੇ ਕਰਮਾਂ ਤੋਂ ਪੈਦਾ ਹੋਈ ਵਿਕਾਰਾਂ ਦੀ ਮੈਲ (ਤੇਰੇ ਮਨ ਤੋਂ) ਲਹਿ ਜਾਇਗੀ, ਤੇਰੇ ਮਨ ਵਿਚੋਂ ਅਹੰਕਾਰ ਦੂਰ ਹੋ ਜਾਇਗਾ ।
- (ਸਿਮਰਨ ਦੀ ਬਰਕਤਿ ਨਾਲ) ਕਾਮ ਵਿਚ ਕ੍ਰੋਧ ਵਿਚ ਨਹੀਂ ਫਸੀਦਾ, ਲੋਭ-ਕੁੱਤਾ ਭੀ ਮੁੱਕ ਜਾਂਦਾ ਹੈ (ਲੋਭ, ਜਿਸ ਦੇ ਅਸਰ ਹੇਠ ਮਨੁੱਖ ਕੁੱਤੇ ਵਾਂਗ ਦਰ ਦਰ ਤੇ ਭਟਕਦਾ ਹੈ) । ਇਸ ਸੱਚੇ ਰਸਤੇ ਉੱਤੇ ਤੁਰਿਆਂ ਜਗਤ ਦੀ ਸੋਭਾ ਕਰਦਾ ਹੈ । ਅਠਾਹਠ ਤੀਰਥਾਂ ਦਾ ਇਸ਼ਨਾਨ, ਸਾਰੇ ਪੁੰਨ ਕਰਮ, ਜੀਵਾਂ ਉੱਤੇ ਦਇਆ ਕਰਨੀ ਜੋ ਧਾਰਮਿਕ ਕੰਮ ਮੰਨੀ ਗਈ ਹੈ (ਇਹ ਸਭ ਕੁਝ ਸਿਮਰਨ ਦੇ ਵਿਚ ਹੀ ਆ ਜਾਂਦਾ ਹੈ) ।
- ਪਰਮਾਤਮਾ ਕਿਰਪਾ ਕਰ ਕੇ ਜਿਸ ਮਨੁੱਖ ਨੂੰ (ਸਿਮਰਨ ਦੀ ਦਾਤਿ) ਦੇਂਦਾ ਹੈ, ਉਹ ਮਨੁੱਖ (ਜ਼ਿੰਦਗੀ ਦੇ ਸਹੀ ਰਸਤੇ ਦੀ ਪਛਾਣ ਵਾਲਾ) ਸਿਆਣਾ ਹੋ ਜਾਂਦਾ ਹੈ ।
- ਹੇ ਨਾਨਕ! (ਆਖ—) ਜਿਨ੍ਹਾਂ ਨੂੰ ਪਿਆਰਾ ਪ੍ਰਭੂ ਮਿਲ ਪਿਆ ਹੈ, ਮੈਂ ਉਹਨਾਂ ਤੋਂ ਸਦਕੇ ਹਾਂ । ਮਾਘ ਮਹੀਨੇ ਵਿਚ ਸਿਰਫ਼ ਉਹੀ ਸੁੱਚੇ ਬੰਦੇ ਆਖੇ ਜਾਂਦੇ ਹਨ, ਜਿਨ੍ਹਾਂ ਉੱਤੇ ਪੂਰਾ ਸਤਿਗੁਰੂ ਦਇਆਵਾਨ ਹੁੰਦਾ ਹੈ (ਤੇ ਜਿਨ੍ਹਾਂ ਨੂੰ ਸਿਮਰਨ ਦੀ ਦਾਤਿ ਦੇਂਦਾ ਹੈ) [12[